**ਪੰਜਾਬ ਸਰਕਾਰ**

**ਸਕੂਲ ਸਿੱਖਿਆ ਵਿਭਾਗ**

ਵੱਲ

1. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)
2. ਸਮੂਹ ਸਕੂਲ ਮੁੱਖੀ (ਵੈਬਸਾਈਟ ਰਾਹੀਂ)

ਮੀਮੋ ਨੰਬਰ DPISE-SEDUOGENL/7/2021-SECONDARY EDUCATION/202113706

ਮਿਤੀਃ ਸ.ਅ.ਸ.ਨਗਰ, 26/4/2021

ਵਿਸ਼ਾਃ- ਕਲਸਟਰਾਂ ਵਿੱਚ ਸਥਿਤ ਸਰਕਾਰੀ ਸਕੂਲਾਂ ਦੇ ਦਾਖਲੇ ਸਬੰਧੀ।

1.0 ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ।

2.0 ਸਰਕਾਰੀ ਸਕੂਲਾਂ ਵਿੱਚ ਦਾਖਲਿਆਂ ਸਬੰਧੀ ਸਮੂਹ ਜਿਲ੍ਹਿਆਂ ਦੇ ਸਿਖਿਆ ਅਧਿਕਾਰੀਆਂ/ ਸਕੂਲ ਮੁੱਖੀਆਂ ਨਾਲ ਹਫਤਾਵਾਰੀ ਵੀ.ਸੀ. ਮੀਟਿੰਗਾਂ ਆਯੋਜਿਤ ਕੀਤੀਆਂ ਜਾ ਰਹੀਆਂ ਹਨ। ਇਹਨਾਂ ਮੀਟਿੰਗਾਂ ਦੌਰਾਨ ਉਹਨਾਂ ਵੱਲੋਂ ਦੱਸਿਆ ਗਿਆ ਕਿ ਵਿਭਾਗ ਵੱਲੋਂ ਪਹਿਲਾਂ ਜਾਰੀ ਹਦਾਇਤਾਂ ਅਨੁਸਾਰ ਕਲਸਟਰ ਅਧੀਨ ਆਉਂਦੇ ਸਕੂਲਾਂ ਦੇ ਵਿਦਿਆਰਥੀਆਂ ਦੇ ਦਾਖਲੇ ਉਸੇ ਕਲਸਟਰ ਵਿੱਚ ਸਥਿਤ ਸਕੂਲਾਂ ਵਿੱਚ ਹੀ ਕਰਵਾਏ ਜਾਣੇ ਹੁੰਦੇ ਹਨ ਜਦੋਂ ਕਿ ਬਹੁਤ ਵਿਦਿਆਰਥੀ ਕੁਝ ਕਾਰਣਾਂ ਕਰਕੇ ਕਲਸਟਰ ਤੋਂ ਬਾਹਰ ਸਥਿਤ ਸਕੂਲਾਂ ਵਿੱਚ ਦਾਖਲਾ ਲੈਣਾ ਚਾਹੁੰਦੇ ਹਨ। ਜਿਸ ਸਬੰਧੀ ਦੱਸਿਆ ਜਾਂਦਾ ਹੈ ਕਿ ਸਿਖਿਆ ਵਿਭਾਗ ਵੱਲੋਂ ਕਦੇ ਵੀ ਅਜਿਹੀਆਂ ਹਦਾਇਤਾਂ ਜਾਰੀ ਨਹੀਂ ਕ਼ੀਤੀਆਂ ਗਈਆਂ।

3.0 ਸਰਕਾਰੀ ਸਕੂਲਾਂ ਵਿੱਚ ਦਾਖਲੇ ਸਬੰਧੀ ਸਪਸ਼ਟ ਕੀਤਾ ਜਾਂਦਾ ਹੈ ਕਿ ਕਲਸਟਰ ਵਿੱਚ ਸਥਿਤ ਸਰਕਾਰੀ ਸਕੂਲਾਂ ਦੇ ਕਿਸੇ ਵੀ ਜਮਾਤ ਦੇ ਵਿਦਿਆਰਥੀ ਲਈ ਇਹ ਜ਼ਰੂਰੀ ਨਹੀਂ ਹੈ ਕਿ ਉਹ ਉਸੇ ਕਲਸਟਰ ਦੇ ਸਕੂਲ ਵਿੱਚ ਦਾਖਲ ਹੋਣ। ਵਿਦਿਆਰਥੀਆਂ ਦਾ ਦਾਖਲਾ ਵਿਦਿਆਰਥੀਆਂ ਦੇ ਮਾਪਿਆਂ ਦੀ ਇੱਛਾ ਅਨੁਸਾਰ ਹੋਣਾ ਚਾਹੀਦਾ ਹੈ। ਉਹ ਆਪਣੀ ਸੁਵਿਧਾ ਅਨੁਸਾਰ ਕਿਸੇ ਵੀ ਸਰਕਾਰੀ ਸਕੂਲ ਵਿੱਚ ਆਪਣੇ ਬੱਚਿਆਂ ਦਾ ਦਾਖਲਾ ਕਰਵਾ ਸਕਦੇ ਹਨ, ਚਾਹੇ ਉਹ ਕਿਸੇ ਵੀ ਕਲਸਟਰ ਵਿੱਚ ਸਥਿਤ ਹੋਣ।

4.0 ਇਹਨਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

ਸਕੱਤਰ, ਸਕੂਲ ਸਿੱਖਿਆ